ਨੰ : ਸੀ. ਸਹਾਇਕ (ਅਮਲਾ)/ਆਰ. ਟੀ. ਆਈ. ਅਪੀਲ/ਸੰ:ਰ:ਜ:/.2150 ਮਿਤੀ : 29/9/23
ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ।

ਰਜਿਸਟਰਾਰ RTI
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ੍ਹ।
12 OCT 2023
ਨੰਬਰ 8994

ਵਿਸ਼ਾ :- ਆਰ. ਟੀ. ਆਈ. ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

ਆਰ. ਟੀ. ਆਈ. ਸ਼ਾਖਾ
ਡਾਇਰੀ ਨੰ 1019
ਮਿਤੀ 16/10/23

**ਯਾਦ ਪੱਤਰ :**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਰਾਕੇਸ਼ ਕੁਮਾਰ ਪੁੱਤਰ ਸੁਖਦੇਵ ਪ੍ਰਕਾਸ਼ ਸ਼ਰਮਾ, ਮਕਾਨ ਨੰ : 1121, ਅਰਬਨ ਅਸਟੇਟ, ਫੇਜ਼-II, ਜਲੰਧਰ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਦਫਤਰ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 11.09.2023 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ. ਟੀ. ਆਈ. ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ ਜੀ ਵਲੋਂ ਜਾਰੀ ਪੱਤਰ ਨੰ : ਅੰ. ਵਿ ਪੱ ਨੰ: 51/8/2014/2 ਆਰ. ਟੀ. ਆਈ. ਐਨ. ਸੀ. / 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ. ਟੀ. ਆਈ. / 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਰਾਕੇਸ਼ ਕੁਮਾਰ, ਅਪੀਲਕਰਤਾ ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 11.09.2023 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।
ਸਹਿਪੱਤਰ/ ਉਪਰੋਕਤ ਅਨੁਸਾਰ।

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

500
13/X/23

13-10-23
APIO

19/10/23

**ਸੰਯੁਕਤ ਰਜਿਸਟਰਾਰ (ਐਪੀਲਾਂਟ ਅਥਾਰਟੀ) ਸਹਿਕਾਰੀ ਸਭਾਵਾਂ ਜਲੰਧਰ ਮੰਡਲ,**
**ਸੀ.ਸੀ .ਬੀ ਜਲੰਧਰ, ਚੌਥੀ ਮੰਜਿਲ, ਸਾਹਮਣੇ ਵੱਡਾ ਡਾਕਖਾਨਾ, ਸਿਵਲ ਲਾਈਨਜ਼, ਜਲੰਧਰ,**
**ਈ-ਮੇਲ ਐਡਰੈਸ : jrjalandhar1@gmail.com**

ਰਾਕੇਸ਼ ਕੁਮਾਰ ਪੁੱਤਰ ਸੁਖਦੇਵ ਪ੍ਰਕਾਸ਼ ਸ਼ਰਮਾ,
ਮਕਾਨ ਨੰ : 1121, ਅਰਬਨ ਅਸਟੇਟ, ਫੇਜ਼-II,
ਜਲੰਧਰ।

......ਐਪੀਲੈਂਟ.....

ਬਨਾਮ

ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ।

.... ਰਿਸਪੌਂਡੈਂਟ ....

ਅਪੀਲ ਰਾਈਟ ਟੂ ਇਨਫਰਮੇਸ਼ਨ ਐਕਟ - 2005 ਦੇ ਸੈਕਸ਼ਨ 19 ਤਹਿਤ ਅਪੀਲ।

ਹਾਜਰੀ ਮਿਤੀ : 11.09.2023 :

1. ਸ੍ਰੀ ਰਾਕੇਸ਼ ਕੁਮਾਰ, ਅਪੀਲਕਰਤਾ।
2. ਸ੍ਰੀ ਸੰਤੋਖ ਸਿੰਘ, ਸੀਨੀਅਰ ਸਹਾਇਕ, ਦਫਤਰ ਉਪ-ਰਜਿਸਟਰਾਰ (ਪੀ.ਆਈ.ਓ.) ਸਹਿਕਾਰੀ ਸਭਾਵਾਂ ਜਲੰਧਰ।

ਹੁੱਕਮ :

ਮਿਸਲ ਸੁਣਵਾਈ ਲਈ ਪੇਸ਼ ਹੋਈ। ਪ੍ਰਾਰਥੀ ਵਲੋਂ ਦਰਖਾਸਤ ਮਿਤੀ : 03.08.2023 ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ - 2005 ਤਹਿਤ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਪਾਸੋਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ। ਅਪੀਲ ਅਨੁਸਾਰ ਪ੍ਰਾਰਥੀ ਵਲੋਂ ਦਰਖਾਸਤ ਮਿਤੀ : 08.06.2023 ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ - 2005 ਤਹਿਤ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਪਾਸੋਂ ਹੇਠ ਲਿਖੇ ਅਨੁਸਾਰ ਸੂਚਨਾ ਲੈਣ ਵਾਸਤੇ ਅਪਲਾਈ ਕੀਤਾ ਗਿਆ ਸੀ :-

"ਸਾਲ 2003 ਤੋਂ ਸਾਲ 2018 ਤੱਕ ਦੇ ਸਮੇਂ ਦੌਰਾਨ ਦੀ ਸਿਟੀਜਨ ਅਰਬਨ ਕੋਆਪ੍ਰੇਟਿਵ ਬੈਂਕ ਲਿਮ: ਜਲੰਧਰ ਦੇ ਬੋਰਡ ਆਫ ਡਾਇਰੈਕਟਰਜ਼ ਦੀਆਂ ਸਮੇਂ-ਸਮੇਂ ਤੇ ਹੋਈਆਂ ਚੋਣਾਂ ਬਾਬਤ ਜੋਨ ਵਾਈਜ਼ ਮੈਂਬਰਾਂ ਦੀਆਂ ਲਿਸਟਾਂ।"

ਅਪੀਲ ਅਨੁਸਾਰ ਪ੍ਰਾਰਥੀ ਵਲੋਂ ਮੰਗੀ ਗਈ ਉੱਕਤ ਅਨੁਸਾਰ ਸੂਚਨਾ ਉਸਨੂੰ ਉਪਲਬੱਧ ਨਹੀਂ ਕਰਵਾਈ ਗਈ। ਪ੍ਰਾਰਥੀ ਵਲੋਂ ਅਪੀਲ ਰਾਹੀਂ ਬੇਨਤੀ ਕੀਤੀ ਗਈ ਕਿ ਉਸ ਵਲੋਂ ਮੰਗੀ ਗਈ ਸੂਚਨਾ ਉਸਨੂੰ ਉਪਲਬੱਧ ਕਰਵਾਈ ਜਾਵੇ।

..........2........

ਅਪੀਲ ਦੀ ਸੁਣਵਾਈ ਵਾਸਤੇ ਦੋਵੇਂ ਧਿਰਾਂ ਨੂੰ ਨੋਟਿਸ ਜਾਰੀ ਕੀਤਾ ਗਿਆ ਅਤੇ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਨੂੰ ਹਦਾਇਤ ਕੀਤੀ ਗਈ ਕਿ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਸਨੂੰ ਐਕਟ ਅਨੁਸਾਰ ਅਪੀਲ ਦੀ ਸੁਣਵਾਈ ਦੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਉਣੀ ਯਕੀਨੀ ਬਣਾਈ ਬਣਾਈ ਜਾਵੇ। ਵੱਖ-ਵੱਖ ਮਿਤੀਆਂ ਨੂੰ ਅਪੀਲ ਦੀ ਸੁਣਵਾਈ ਕੀਤੀ ਗਈ।

ਮਿਤੀ : 11.09.2023 ਨੂੰ ਅਪੀਲ ਦੀ ਸੁਣਵਾਈ ਦੌਰਾਨ ਦੋਵੇਂ ਧਿਰਾਂ ਹਾਜਰ ਆਈਆਂ। ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਦਫਤਰ ਦਾ ਜਵਾਬ ਪੱਤਰ ਨੰ : ਸੀ.ਸਹਾ.(ਸੁ)/ ਡੀ.ਆਰ.ਜੇ./ 680, ਮਿਤੀ : 11.09.2023 ਰਾਹੀਂ ਸ੍ਰੀ ਸੰਤੋਖ ਸਿੰਘ, ਸੀਨੀਅਰ ਸਹਾਇਕ ਵਲੋਂ ਪੇਸ਼ ਕੀਤਾ ਗਿਆ, ਜਿਸ ਅਨੁਸਾਰ ਪ੍ਰਾਰਥੀ ਸ੍ਰੀ ਰਾਕੇਸ਼ ਕੁਮਾਰ ਸ਼ਰਮਾ ਵਲੋਂ ਆਰ.ਟੀ.ਆਈ.ਐਕਟ-2005 ਤਹਿਤ ਮੰਗੀ ਗਈ ਸੂਚਨਾ ਉਸਨੂੰ ਮਿਤੀ : 08.09.2023 ਨੂੰ ਮੁਹੱਈਆ ਕਰਵਾ ਦਿੱਤੀ ਗਈ ਹੈ। ਮਿਤੀ : 11.09.2023 ਨੂੰ ਅਪੀਲ ਦੀ ਸੁਣਵਾਈ ਦੌਰਾਨ ਅਪੀਲਕਰਤਾ ਵੀ ਹਾਜਰ ਆਇਆ, ਜਿਸ ਵਲੋਂ ਲਿਖਤੀ ਤੌਰ ਤੇ ਅਦਾਲਤ ਨੂੰ ਸੂਚਿਤ ਕੀਤਾ ਗਿਆ ਕਿ ਉਸ ਵਲੋਂ ਮੰਗੀ ਗਈ ਸੂਚਨਾ ਉਸਨੂੰ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਵਲੋਂ ਮਿਤੀ : 08.09.2023 ਨੂੰ ਮੁਹੱਈਆ ਕਰਵਾ ਦਿੱਤੀ ਗਈ ਹੈ।

ਦੋਵਾਂ ਧਿਰਾਂ ਨੂੰ ਸੁਣਨ ਅਤੇ ਰੀਕਾਰਡ ਦੀ ਘੋਖ ਕਰਨ ਉਪਰੰਤ ਮੈਂ ਇਸ ਸਿੱਟੇ ਤੇ ਪੰਹੁਚੀ ਹਾਂ ਕਿ ਪ੍ਰਾਰਥੀ ਵਲੋਂ ਦਰਖਾਸਤ ਮਿਤੀ : 08.06.2023 ਰਾਹੀਂ ਮੰਗੀ ਗਈ ਸੂਚਨਾ ਉਸਨੂੰ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਵਲੋਂ ਉਪਲਬੱਧ ਕਰਵਾਈ ਜਾ ਚੁੱਕੀ ਹੈ। ਇਸ ਲਈ ਅਪੀਲ ਡਿਸਪੋਜ਼ ਆਫ ਕੀਤੀ ਜਾਂਦੀ ਹੈ।

ਮਿਤੀ : 11.09.2023.

(ਸਰਬਜੀਤ ਕੋਰ)
ਸੰਯੁਕਤ ਰਜਿਸਟਰਾਰ
ਸਹਿਕਾਰੀ ਸਭਾਵਾਂ ਜਲੰਧਰ ਮੰਡਲ ਜਲੰਧਰ।

ਅਸਲ ਕਾਪੀ ਤੋਂ ਤਸਦੀਕ ਕੀਤਾ
29/9/2023
ਸੁਪਰਡੰਟ
ਦਫਤਰ ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।